ਅਜੀਤ, ਜਲੰਧਰ
ਅੰਮ੍ਰਿਤਸਰ ਅਜੀਤ 5
ਸੋਮਵਾਰ, 20 ਅਕਤੂਬਰ 2025

ਸ੍ਰੀ ਹਰਿਮੰਦਰ ਸਾਹਿਬ ਨੇੜੇ ਸਫ਼ਾਈ ਦੀ ਮੰਦੀ ਹਾਲਤ

ਦੀਵਾਲੀ ਦੇ ਮੌਕੇ ਵੀ ਚੁਫੇਰੇ ਲੱਗੇ ਹਨ ਕੂੜੇ ਦੇ ਢੇਰ

ਅੰਮ੍ਰਿਤਸਰ, 19 ਅਕਤੂਬਰ (ਹਰਮਿੰਦਰ ਸਿੰਘ)-ਕਹਿੰਦੇ ਹਨ 'ਦਾਲ ਰੋਟੀ ਘਰ ਦੀ ਦੀਵਾਲੀ ਅੰਮ੍ਰਿਤਸਰ ਦੀ' ਦੀਵਾਲੀ ਜਿਸ ਨੂੰ ਬੰਦੀ ਛੋੜ ਦਿਵਸ ਵਜੋਂ ਵੀ ਮਨਾਇਆ ਜਾਂਦਾ ਹੈ। ਇਸ ਦਿਨ ਦੇਸ਼ ਵਿਦੇਸ਼ ਤੋਂ ਲੱਖਾਂ ਦੀ ਗਿਣਤੀ ਵਿਚ ਸ਼ਰਧਾਲੂ ਸ੍ਰੀ ਹਰਿਮੰਦਰ ਸਾਹਿਬ ਵਿਖੇ ਨਤਮਸਤਕ ਹੋਣ ਲਈ ਆਉਂਦੇ ਹਨ ਪਰ ਜਿਸ ਤਰ੍ਹਾਂ ਸ਼ਹਿਰ ਦੀ ਸਾਫ਼ ਸਫਾਈ ਦਾ ਪ੍ਰਬੰਧ ਹੋਣਾ ਚਾਹੀਦਾ ਹੈ ਉਸ ਤਰ੍ਹਾਂ ਦਾ ਪ੍ਰਬੰਧ ਨਹੀਂ ਹੋ ਰਿਹਾ। ਸ੍ਰੀ ਹਰਿਮੰਦਰ ਸਾਹਿਬ ਦੇ ਆਲੇ ਦੁਆਲੇ ਦੇ ਇਲਾਕਿਆਂ 'ਚ ਕੂੜੇ ਦੇ ਢੇਰ ਲੱਗੇ ਹਨ। ਕੂੜੇ ਦੀ ਚੁਕਾਈ ਸਹੀ ਢੰਗ ਨਾਲ ਨਾ ਹੋਣ ਕਰਕੇ ਇਥੋਂ ਦੇ ਇਲਾਕਿਆਂ ਵਲੋਂ ਆਪਣੇ ਘਰਾਂ ਅਤੇ ਵਪਾਰਕ ਅਦਾਰਿਆਂ ਦਾ ਕੂੜਾ ਸ੍ਰੀ ਹਰਿਮੰਦਰ ਸਾਹਿਬ ਨੇੜੇ ਗਲਿਆਰਾ 'ਚ ਖਾਲੀ ਪਈ ਜਗ੍ਹਾ 'ਤੇ ਸੁੱਟ ਦਿੱਤਾ ਜਾਂਦਾ ਹੈ। ਜਿਸ ਕਾਰਨ ਗਲਿਆਰੇ 'ਚ ਕਈ ਥਾਵਾਂ 'ਤੇ ਕੂੜੇ ਦੇ ਵੱਡੇ-ਵੱਡੇ ਢੇਰ ਲੱਗ ਰਹੇ ਹਨ। ਇਸ ਸੰਬੰਧ ਵਿਚ ਗੱਲਬਾਤ ਕਰਦੇ ਹੋਏ ਸ੍ਰੀ ਦਰਬਾਰ ਸਾਹਿਬ ਦੇ ਮੈਨੇਜਰ ਰਾਜਿੰਦਰ ਸਿੰਘ ਰੂਬੀ ਨੇ ਦੱਸਿਆ ਕਿ ਕੂੜੇ ਚੁਕਾਈ ਦੀ ਮੰਦੀ ਹਾਲਤ ਕਾਰਨ ਸ੍ਰੀ ਹਰਿਮੰਦਰ ਸਾਹਿਬ ਗਲਿਆਰਾ ਖਾਸ ਕਰਕੇ ਸਰਾਵਾਂ ਵਾਲੇ ਪਾਸੇ ਕੂੜੇ ਦੇ ਢੇਰ ਲੱਗੇ ਰਹਿੰਦੇ ਹਨ। ਉਨ੍ਹਾਂ ਦੱਸਿਆ ਕਿ ਸ਼੍ਰੋਮਣੀ ਕਮੇਟੀ ਵਲੋਂ ਆਪਣੇ ਸੇਵਾਦਾਰ ਲਗਾ ਕੇ ਕੂੜੇ ਦੀ ਚੁਕਵਾਈ ਕਰਵਾਈ ਜਾਂਦੀ ਹੈ। ਮੈਨੇਜ਼ਰ ਰੂਬੀ ਨੇ ਦੱਸਿਆ ਕਿ ਦੇਖਣ ਵਿਚ ਆਇਆ ਹੈ ਕਿ ਲੋਕਾਂ ਦੇ ਘਰਾਂ 'ਚੋਂ ਕੂੜੇ ਦੀ ਚੁਕਾਈ ਨਾ ਹੋਣ ਕਰਕੇ ਅਕਸਰ ਹੀ ਲੋਕ ਆਪਣੇ ਘਰਾਂ ਦੇ ਕੂੜਾ ਗਲਿਆਰਾ ਦੇ ਇਲਾਕੇ ਵਿਚ ਖੁਲ੍ਹੀ ਥਾਵਾਂ 'ਤੇ ਸੁੱਟ ਜਾਂਦੇ ਹਨ।

ਜਿਸ ਕਾਰਨ ਨਿੱਤ ਹੀ ਕੂੜੇ ਦੇ ਢੇਰ ਲੱਗ ਰਹੇ ਹਨ। ਉਨ੍ਹਾਂ ਕਿਹਾ ਕਿ ਬੀਤੇ ਕੁਝ ਦਿਨਾਂ ਤੋਂ ਬਹੁਤ ਹੀ ਜਿਆਦਾ ਕੂੜਾ ਇਕੱਠਾ ਹੋ ਗਿਆ ਹੈ ਜਿਸ ਕਾਰਨ ਉਨ੍ਹਾਂ ਵਲੋਂ ਸ੍ਰੀ ਦਰਬਾਰ ਸਾਹਿਬ ਦੇ ਪ੍ਰਬੰਧਾਂ ਅਧੀਨ ਕੰਮ ਕਰ ਰਹੇ ਸੇਵਾਦਾਰਾਂ ਦੀ ਪਹਿਲਾਂ ਨਾਲੋਂ ਗਿਣਤੀ ਵਿਚ ਹੋਰ ਵਾਧਾ ਕਰਕੇ ਕੂੜੇ ਦੀ ਚੁਕਾਈ ਕਰਵਾਈ ਜਾ ਰਹੀ ਹੈ। ਇਸ ਸੰਬੰਧ ਵਿਚ ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਦੇ ਧਿਆਨ 'ਚ ਮਾਮਲਾ ਲਿਆਂਦਾ ਗਿਆ ਤਾਂ ਉਨ੍ਹਾਂ ਦੱਸਿਆ ਕਿ ਕੂੜਾ ਡੰਪ ਵਾਲੇ ਪਾਸੇ ਧਰਨਾ ਲੱਗਾ ਹੋਣ ਕਰਕੇ ਕੁਝ ਦਿਨ ਕੂੜੇ ਦੀ ਚੁਕਾਈ ਨਹੀਂ ਹੋ ਸਕੀ ਪਰ ਹੁਣ ਕੂੜੇ ਦੀ ਚੁਕਾਈ ਆਮ ਦੀ ਤਰ੍ਹਾਂ ਹੋ ਰਹੀ ਹੈ।

ਸ੍ਰੀ ਹਰਿਮੰਦਰ ਸਾਹਿਬ ਗਲਿਆਰਾ ਵਿਖੇ ਲੱਗੇ ਕੂੜੇ ਦੇ ਢੇਰ ਅਤੇ ਨਗਰ ਨਿਗਮ ਦੇ ਮੁਲਾਜ਼ਮ ਕੂੜਾ ਚੁੱਕਦੇ ਹੋਏ। ਤਸਵੀਰਾਂ : ਹਰਜੀਤ ਸਿੰਘ

350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸੰਬੰਧ ਵਿਚ ਸ਼ਹੀਦੀ ਨਗਰ ਦੀ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜੋਧਪੁਰ ਤੋਂ ਜੈਪੁਰ ਲਈ ਰਵਾਨਗੀ ਮੌਕੇ ਪੰਜ ਪਿਆਰੇ ਸਾਹਿਬਾਨ, ਸਿੰਘ ਸਾਹਿਬ, ਸ਼੍ਰੋਮਣੀ ਕਮੇਟੀ ਮੈਂਬਰ, ਪ੍ਰਬੰਧਕ ਤੇ ਹੋਰ ਸੰਗਤਾਂ। ਅਜੀਤ : ਤਸਵੀਰ

350 ਸਾਲਾ ਸ਼ਤਾਬਦੀ

ਸ਼ਹੀਦੀ ਨਗਰ ਕੀਰਤਨ ਖ਼ਾਲਸਈ ਜਾਹੋ ਜਲਾਲ ਨਾਲ ਜੋਧਪੁਰ ਤੋਂ ਜੈਪੁਰ ਲਈ ਰਵਾਨਾ

ਅੰਮ੍ਰਿਤਸਰ, 19 ਅਕਤੂਬਰ (ਸਟਾਫ ਰਿਪੋਰਟਰ)-ਸ਼੍ਰੋਮਣੀ ਕਮੇਟੀ ਵਲੋਂ 350 ਸਾਲਾ ਸ਼ਹੀਦੀ ਸ਼ਤਾਬਦੀ ਦੇ ਸੰਬੰਧ ਵਿਚ ਆਸਾਮ ਤੋਂ ਆਰੰਭ ਕੀਤਾ ਗਿਆ ਸ਼ਹੀਦੀ ਨਗਰ ਕੀਰਤਨ ਵੱਖ-ਵੱਖ ਸੂਬਿਆਂ ਤੋਂ ਹੁੰਦਾ ਹੋਇਆ ਅੱਜ ਖ਼ਾਲਸਈ ਜਾਹੋ ਜਲਾਲ ਨਾਲ ਗੁਰਦੁਆਰਾ ਸ੍ਰੀ ਗੁਰੂ ਸਿੰਘ ਸਭਾ ਜੋਧਪੁਰ ਤੋਂ ਆਪਣੇ ਅਗਲੇ ਪੜਾਅ ਜੈਪੁਰ ਲਈ ਰਵਾਨਾ ਹੋਇਆ।

ਨਗਰ ਕੀਰਤਨ ਦੀ ਰਵਾਨਗੀ ਤੋਂ ਪਹਿਲਾਂ ਗੁਰਦੁਆਰਾ ਸਾਹਿਬ ਵਿਖੇ ਸਜੇ ਧਾਰਮਿਕ ਦੀਵਾਨ ਵਿਚ ਸ੍ਰੀ ਦਰਬਾਰ ਸਾਹਿਬ ਦੇ ਗ੍ਰੰਥੀ ਗਿਆਨੀ ਬਲਜੀਤ ਸਿੰਘ ਅਤੇ ਹਜ਼ੂਰੀ ਰਾਗੀ ਜਥੇ ਨੇ ਗੁਰਬਾਣੀ ਕਥਾ ਕੀਰਤਨ ਸਰਵਣ ਕਰਾਏ। ਗੁਰਦੁਆਰਾ ਸਾਹਿਬ ਦੇ ਪ੍ਰਬੰਧਕਾਂ ਨੇ ਪੰਜ ਪਿਆਰੇ ਸਾਹਿਬਾਨ ਅਤੇ ਹਾਜ਼ਰ ਪ੍ਰਮੁੱਖ ਸ਼ਖ਼ਸੀਅਤਾਂ ਨੂੰ ਸਿਰੋਪਾਓ ਭੇਟ ਕੀਤੇ ਗਏ। ਸੰਗਤਾਂ ਨੇ ਪਾਲਕੀ ਸਾਹਿਬ ਤੇ ਪੰਜ ਪਿਆਰਿਆਂ 'ਤੇ ਫੁੱਲਾਂ ਦੀ ਵਰਖਾ ਕਰਕੇ ਸਤਿਕਾਰ ਭੇਟ ਕੀਤਾ। ਇਸ ਮੌਕੇ ਸ਼੍ਰੋਮਣੀ ਕਮੇਟੀ ਮੈਂਬਰ ਜਸਮੇਰ ਸਿੰਘ ਲਾਛੜੂ, ਜਗਸੀਰ ਸਿੰਘ ਮਾਂਗੇਆਣਾ, ਸੁਰਜੀਤ ਸਿੰਘ ਕੰਗ, ਮੀਤ ਸਕੱਤਰ ਸੁਖਬੀਰ ਸਿੰਘ, ਵਧੀਕ ਮੈਨੇਜਰ ਜਸਬੀਰ ਸਿੰਘ, ਸਿੱਖ ਮਿਸ਼ਨ ਮੱਧ ਪ੍ਰਦੇਸ਼ ਦੇ ਇੰਚਾਰਜ ਬਲਦੇਵ ਸਿੰਘ ਓਗਰਾ, ਰਾਜਸਥਾਨ ਸਿੱਖ ਮਿਸ਼ਨ ਦੇ ਇੰਚਾਰਜ ਭਾਈ ਜਰਨੈਲ ਸਿੰਘ, ਦਰਸ਼ਨ ਸਿੰਘ, ਭੁਪਿੰਦਰ ਸਿੰਘ, ਸੁਪਰਵਾਈਜ਼ਰ ਮੋਹਨਦੀਪ ਸਿੰਘ, ਮਿਲਖਾ ਸਿੰਘ, ਹਰਪ੍ਰੀਤ ਸਿੰਘ ਜੰਡਿਆਲਾ, ਮੀਤ ਮੈਨੇਜਰ ਅਮਰਜੀਤ ਸਿੰਘ ਤੇ ਜਗਦੀਪ ਸਿੰਘ ਸਮੇਤ ਵੱਡੀ ਗਿਣਤੀ ਵਿਚ ਸਥਾਨਕ ਸੰਗਤਾਂ ਹਾਜ਼ਰ ਸਨ।

ਪੰਜਾਬ ਸਰਕਾਰ ਖ਼ਿਲਾਫ਼ ਨਾਅਰੇਬਾਜ਼ੀ ਕਰਦੇ ਹੋਏ ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਕਾਰਕੁੰਨ। ਤਸਵੀਰ : ਨਿਰਮਲ ਸਟੂਡੀਓ

ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਸੱਦੇ 'ਤੇ ਮੁਲਾਜ਼ਮਾਂ ਵਲੋਂ ਪੰਜਾਬ ਸਰਕਾਰ ਖ਼ਿਲਾਫ਼ ਰੋਸ ਪ੍ਰਦਰਸ਼ਨ

ਅੰਮ੍ਰਿਤਸਰ, 19 ਅਕਤੂਬਰ (ਸੁਰਿੰਦਰਪਾਲ ਸਿੰਘ ਵਰਪਾਲ)-ਪੰਜਾਬ ਸੁਬਾਰਡੀਨੇਟ ਸਰਵਿਸਿਜ਼ ਫੈਡਰੇਸ਼ਨ ਦੇ ਫ਼ੈਸਲੇ ਅਨੁਸਾਰ ਜ਼ਿਲ੍ਹਾ ਅੰਮ੍ਰਿਤਸਰ ਇਕਾਈ ਵਲੋਂ ਗੁਰਦੀਪ ਸਿੰਘ ਬਾਜਵਾ ਜ਼ਿਲ੍ਹਾ ਪ੍ਰਧਾਨ ਦੀ ਅਗਵਾਈ ਹੇਠ ਡਿਪਟੀ ਕਮਿਸ਼ਨਰ ਦੇ ਦਫ਼ਤਰ ਸਾਹਮਣੇ ਰੋਸ ਪ੍ਰਦਰਸ਼ਨ ਕੀਤਾ ਗਿਆ ਉਪਰੰਤ ਏ. ਡੀ. ਸੀ. ਰੋਹਿਤ ਗੁਪਤਾ ਰਾਹੀਂ ਮੁੱਖ ਮੰਤਰੀ ਪੰਜਾਬ ਨੂੰ ਰੋਸ ਪੱਤਰ ਭੇਜਿਆ। ਇਸ ਮੌਕੇ ਸੰਬੋਧਨ ਕਰਦਿਆਂ ਜ਼ਿਲ੍ਹਾ ਪ੍ਰਧਾਨ ਗੁਰਦੀਪ ਸਿੰਘ ਬਾਜਵਾ, ਜਨਰਲ ਸਕੱਤਰ ਨਰਿੰਦਰ ਸਿੰਘ, ਵਿੱਤ ਸਕੱਤਰ ਸਵਿੰਦਰ ਸਿੰਘ ਭੱਟੀ, ਗੌਰਮਿੰਟ ਟੀਚਰਜ਼ ਯੂਨੀਅਨ ਦੇ ਜ਼ਿਲ੍ਹਾ ਪ੍ਰਧਾਨ ਸੁੱਚਾ ਸਿੰਘ ਟਰਪਈ, ਜਨਰਲ ਸਕੱਤਰ ਹਰਵਿੰਦਰ ਸਿੰਘ ਸੁਲਤਾਨਵਿੰਡ, ਮੰਗਲ ਸਿੰਘ ਟਾਂਡਾ, ਨਾਨ ਗਜਟਿਡ ਫਾਰੈਸਟ ਯੂਨੀਅਨ ਦੇ ਸੂਬਾਈ ਜਨਰਲ ਸਕੱਤਰ ਬੋਬਿੰਦਰ ਸਿੰਘ, ਕਰਮਜੀਤ ਸਿੰਘ ਕੇ. ਪੀ., ਇੰਦਰਜੀਤ ਰਿਸ਼ੀ ਅਤੇ ਦਲਬੀਰ ਸਿੰਘ ਔਲਖ ਨੇ ਕਿਹਾ ਕਿ ਪੰਜਾਬ ਸਰਕਾਰ ਵਲੋਂ ਆਪਣੇ ਮੁਲਾਜ਼ਮਾਂ ਅਤੇ ਪੈਨਸ਼ਨਰਾਂ ਨੂੰ ਕੇਂਦਰ ਸਰਕਾਰ ਨਾਲੋਂ 16 ਫੀਸਦੀ ਮਹਿੰਗਾਈ ਭੱਤਾ ਘੱਟ ਦਿੱਤਾ ਜਾ ਰਿਹਾ ਹੈ। ਬੁਲਾਰਿਆਂ ਨੇ ਕਿਹਾ ਕਿ ਜੇਕਰ ਮੀਟਿੰਗ ਕਰਕੇ ਮੰਗਾਂ ਦਾ ਜਲਦੀ ਹੱਲ ਨਾ ਕੀਤਾ ਤਾਂ ਸਾਂਝੇ ਫਰੰਟ ਦੇ ਬੈਨਰ ਹੇਠ 16 ਨਵੰਬਰ ਨੂੰ ਸੰਗਰੂਰ ਵਿਖੇ ਸੂਬਾਈ ਰੈਲੀ ਕਰਕੇ ਅਗਲੇ ਤਿੱਖੇ ਸੰਘਰਸ਼ ਦਾ ਐਲਾਨ ਕੀਤਾ ਜਾਵੇਗਾ। ਇਸ ਮੌਕੇ ਕਮਲ ਕਨੋਜੀਆ, ਹੀਰਾ ਸਿੰਘ ਭੱਟੀ, ਰਵੀਇੰਦਰਪਾਲ ਸਿੰਘ, ਗੁਰਮੀਤ ਸਿੰਘ, ਹਰਮਨਦੀਪ ਭੰਗਾਲੀ, ਅਮਿਤ ਕੁਮਾਰ ਸੁੰਦਰ, ਗੁਰਦੀਪ ਸਿੰਘ ਕੋਟ ਖਾਲਸਾ, ਰਵਿੰਦਰ ਸਿੰਘ ਮਜੀਠਾ, ਨਿਰਮਲ ਸਿੰਘ ਭੋਮਾ, ਹਰਪਿੰਦਰ ਸਿੰਘ ਫੌਜੀ, ਗੁਰਿੰਦਰਬੀਰ ਸਿੰਘ, ਬਲਦੇਵ ਸਿੰਘ ਅਤੇ ਨਿਰਮਲ ਸਿੰਘ ਨੇ ਸੰਬੋਧਨ ਕੀਤਾ।

ਮੁੱਖ ਮੰਤਰੀ ਦੇ ਨਾਂਅ ਭੇਜਿਆ ਰੋਸ ਪੱਤਰ, 16 ਨੂੰ ਸੰਗਰੂਰ 'ਚ ਹੋਵੇਗੀ ਵਿਸ਼ਾਲ ਰੋਸ ਰੈਲੀ

ਦੀਵਾਲੀ ਮੌਕੇ ਅੱਗ ਦੀਆਂ ਘਟਨਾਵਾਂ 'ਤੇ ਕਾਬੂ ਪਾਉਣ ਲਈ ਚੌਕਸ ਰਹੇਗਾ ਫਾਇਰ ਬ੍ਰਿਗੇਡ ਵਿਭਾਗ

ਅੰਮ੍ਰਿਤਸਰ, 19 ਅਕਤੂਬਰ (ਹਰਮਿੰਦਰ ਸਿੰਘ)-ਦੀਵਾਲੀ ਦੇ ਮੌਕੇ 'ਤੇ ਅੱਗ ਦੇ ਕਾਰਨ ਵਾਪਰਣ ਵਾਲੇ ਕਿਸੇ ਦੀ ਤਰ੍ਹਾਂ ਦੇ ਹਾਦਸੇ ਨੂੰ ਰੋਕਣ ਲਈ ਫਾਇਰ ਬ੍ਰਿਗੇਡ ਵਿਭਾਗ ਚੌਕਸ ਹੋ ਗਿਆ ਹੈ। ਨਿਗਮ ਕਮਿਸ਼ਨਰ ਬਿਕਰਮਜੀਤ ਸਿੰਘ ਸ਼ੇਰਗਿੱਲ ਵਲੋਂ ਫਾਇਰ ਬ੍ਰਿਗੇਡ ਵਿਭਾਗ ਨੂੰ ਹਦਾਇਤਾਂ ਕੀਤੀਆਂ ਗਈਆਂ ਜਿਸ ਦੇ ਤਹਿਤ ਹੁਣ ਵਿਭਾਗ ਦੀਆਂ 20 ਤੋਂ ਵਧੇਰੇ ਗੱਡੀਆਂ ਅਤੇ 110 ਮੁਲਾਜ਼ਮ ਡਿਊਟੀ 'ਤੇ ਤਾਇਨਾਤ ਰਹਿਣਗੇ।

ਇਸ ਸੰਬੰਧੀ ਜਾਣਕਾਰੀ ਸਾਂਝੀ ਕਰਦੇ ਹੋਏ ਚੀਫ਼ ਫਾਇਰ ਅਫ਼ਸਰ ਲਵਪ੍ਰੀਤ ਸਿੰਘ ਅਤੇ ਏਡੀਐੱਫਓ ਦਿਲਬਾਗ ਸਿੰਘ ਨੇ ਅੱਗ ਲੱਗਣ ਦੀ ਕਿਸੇ ਵੀ ਘਟਨਾ ਦੀ ਸੂਚਨਾ ਦੇਣ ਲਈ ਕੁਝ ਨੰਬਰ ਜਾਰੀ ਕੀਤੇ ਹਨ। ਜਿਸ 'ਚ ਉਨ੍ਹਾਂ ਨੇ ਅਪਣਾ ਮੋਬਾਇਲ ਨੰਬਰ 9814255010 , 9855202066 ਤੋਂ ਇਲਾਵਾ ਗਿਲਵਾਲੀ ਗੇਟ ਸਟੇਸ਼ਨ ਦੇ ਅਨਿਲ ਲੂਥਰਾ ਦਾ 9914715696, ਸਿਵਲ ਲਾਈਨ ਦੇ ਜਗਮੋਹਨ ਸਿੰਘ ਦਾ 9417394452, ਟਾਊਨ ਹਾਲ ਦੇ ਯਸ਼ਪਾਲ ਦਾ 9780636268, ਰਵਿੰਦਰ ਕੁਮਾਰ ਦਾ 94173 94387, ਗਿਲਵਾਲੀ ਗੇਟ ਦੇ ਰਾਜਿੰਦਰ ਕੁਮਾਰ ਦਾ, 9878925993, ਵਰਿੰਦਰ ਸਿੰਘ ਸਿਵਲ ਲਾਈਨ ਦਾ 9515138034 , ਅਤੇ ਫੋਕਲ ਪੁਆਇੰਟ ਤੋਂ ਅਰੁਣ ਸੈਣੀ ਦੇ 8283833236 ਨੰਬਰ ਜਾਰੀ ਕੀਤੇ ਹਨ ਜ਼ਿਨ੍ਹਾਂ ਨਾਲ ਅੱਗ ਲੱਗਣ ਦੀ ਸੂਰਤ ਵਿਚ ਸੰਪਰਕ ਕੀਤਾ ਜਾ ਸਕਦਾ ਹੈ। ਇਸ ਤੋਂ ਇਲਾਵਾ 101 ਨੰਬਰ 'ਤੇ ਵੀ ਇਤਲਾਹ ਕੀਤੀ ਜਾ ਸਕਦੀ ਹੈ। ਨਗਰ ਨਿਗਮ ਦੇ ਫਾਇਰ ਬ੍ਰਿਗੇਡ ਵਿਭਾਗ ਦੀਆਂ 20 ਗੱਡੀਆਂ ਤੋਂ ਇਲਾਵਾ ਨਿਗਮ ਦੇ ਫਾਇਰ ਬ੍ਰਿਗੇਡ ਵਿਭਾਗ ਦਾ ਢਾਬ ਬਸਤੀ ਰਾਮ ਫਾਇਰ ਸਟੇਸ਼ਨ, ਖੰਨਾ ਪੇਪਰ ਅਤੇ ਏਅਰ ਫੋਰਸ ਸਟੇਸ਼ਨ ਦੀਆ ਫਾਇਰ ਬ੍ਰਿਗੇਡ ਦੀਆਂ ਟੀਮਾਂ ਸਹਿਯੋਗ ਕਰਨਗੀਆਂ।

ਫਾਇਰ ਸਟੇਸ਼ਨ 'ਤੇ ਖੜ੍ਹੀ ਅੱਗ ਬੁਝਾਊ ਗੱਡੀ। ਤਸਵੀਰ : ਹਰਜੀਤ ਸਿੰਘ

ਭਾਰਤੀ ਸਰਹੱਦੀ ਚੌਕੀ ਰਾਜਾ ਤਾਲ ਤੋਂ ਫੜੀ ਆਈਸ ਡਰੱਗ ਦੇ ਤਿੰਨ ਪੈਕੇਟ। ਤਸਵੀਰ : ਰਾਜਿੰਦਰ ਸਿੰਘ ਰੂਬੀ

ਬੀ.ਐੱਸ.ਐੱਫ. ਨੇ ਪਾਕਿਸਤਾਨ ਤੋਂ ਆਈ 2 ਕਿਲੋ 681 ਗਰਾਮ ਆਈਸ ਡਰੱਗ ਫੜੀ

ਅਟਾਰੀ, (ਅੰਮ੍ਰਿਤਸਰ) 19 ਅਕਤੂਬਰ (ਰਾਜਿੰਦਰ ਸਿੰਘ ਰੂਬੀ/ਗੁਰਦੀਪ ਸਿੰਘ ਅਟਾਰੀ) ?ਭਾਰਤ-ਪਾਕਿਸਤਾਨ ਕੌਮਾਂਤਰੀ ਸਰਹੱਦ ਅਟਾਰੀ ਤੇ ਸਥਿਤ ਬੀਓਪੀ ਰਾਜਾਤਾਲ ਦੇ ਨਜ਼ਦੀਕ ਤੋਂ ਬੀਐੱਸਐੱਫ ਨੇ ਸਰਚ ਆਪਰੇਸ਼ਨ ਦੌਰਾਨ 2 ਕਿਲੋ 681 ਗਰਾਮ ਆਈਸ ਡਰੱਗ ਬਰਾਮਦ ਕੀਤੀ ਹੈ। ਅਟਾਰੀ ਸਰਹੱਦ 'ਤੇ ਤਾਇਨਾਤ ਬੀਐੱਸਐੱਫ ਦੇ ਸਹਾਇਕ ਕਮਾਂਡੈਂਟ 181 ਬਟਾਲੀਅਨ ਸੰਜੀਵ ਕੁਮਾਰ ਯਾਦਵ ਨੇ ਪੁਲਿਸ ਥਾਣਾ ਘਰਿੰਡਾ ਵਿਖੇ ਇੱਕ ਪੱਤਰ ਜਾਰੀ ਕਰਦੇ ਹੋਏ ਆਈਸ ਡਰੱਗ ਦੇ ਤਿੰਨ ਪੈਕਟ ਦਿੱਤੇ ਜਿਨ੍ਹਾਂ ਨੂੰ ਚੈੱਕ ਕੀਤਾ ਗਿਆ ਤਾਂ ਵਿਚੋਂ ਉਕਤ ਮਾਤਰਾ ਵਿਚ ਆਈਸ ਡਰੱਗ ਨਿਕਲੀ। ਆਈਸ ਡਰੱਗ ਨੂੰ ਪਾਰਦਰਸ਼ੀ ਲਿਫਾਫਿਆਂ ਵਿਚ ਬੰਦ ਕੀਤਾ ਗਿਆ ਸੀ। ਪੁਲਿਸ ਥਾਣਾ ਘਰਿੰਡਾ ਵਲੋਂ ਨਾਮਲੂਮ ਵਿਅਕਤੀ ਖਿਲਾਫ ਪਰਚਾ ਦਰਜ ਰਜਿਸਟਰ ਕਰਕੇ ਅਗਲੇਰੀ ਕਾਰਵਾਈ ਸ਼ੁਰੂ ਕਰ ਦਿੱਤੀ ਗਈ। ਸੂਤਰਾਂ ਤੋਂ ਮਿਲੀ ਜਾਣਕਾਰੀ ਅਨੁਸਾਰ ਰਾਜਾਤਾਲ ਬੀਐੱਸਐੱਫ ਬੀਓਪੀ ਤੋਂ ਮਿਲੀ ਆਈਸ ਡਰੱਗ ਜਿਸ ਨੂੰ ਕਿ ਪਾਕਿਸਤਾਨੀ ਨਸ਼ਾ ਤਸਕਰਾਂ ਵਲੋਂ ਭਾਰਤੀ ਖੇਤਰ ਅੰਦਰ ਡਰੋਨ ਰਾਹੀਂ ਸੁੱਟਿਆ ਗਿਆ ਹੈ।

ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੂੰ ਸਨਮਾਨਿਤ ਕਰਦੇ ਹੋਏ ਰੋਟਰੀ ਕਲੱਬ ਅੰਮ੍ਰਿਤਸਰ ਮਿਡਟਾਊਨ ਦੇ ਕਾਰਕੁਨ। ਤਸਵੀਰ : ਅਜੀਤ

ਰੋਟਰੀ ਕਲੱਬ ਅੰਮ੍ਰਿਤਸਰ ਮਿਡਟਾਊਨ ਵਲੋਂ ਅਮਨ-ਕਾਨੂੰਨ ਵਿਸ਼ੇ 'ਤੇ ਵਿਸ਼ੇਸ਼ ਲੈਕਚਰ

ਅੰਮ੍ਰਿਤਸਰ, 19 ਅਕਤੂਬਰ (ਗਗਨਦੀਪ ਸ਼ਰਮਾ)-ਰੋਟਰੀ ਕਲੱਬ ਅੰਮ੍ਰਿਤਸਰ ਮਿਡਟਾਊਨ ਵਲੋਂ ਅਮਨ-ਕਾਨੂੰਨ ਵਿਸ਼ੇ 'ਤੇ ਵਿਸ਼ੇਸ਼ ਲੈਕਚਰ ਕਰਵਾਇਆ ਗਿਆ, ਜਿਸ ਵਿਚ ਪੁਲਿਸ ਕਮਿਸ਼ਨਰ ਗੁਰਪ੍ਰੀਤ ਸਿੰਘ ਭੁੱਲਰ ਨੇ ਮੁੱਖ ਮਹਿਮਾਨ ਅਤੇ ਵਿਸ਼ੇਸ਼ ਬੁਲਾਰੇ ਵਜੋਂ ਸ਼ਿਰਕਤ ਕੀਤੀ। ਸ. ਭੁੱਲਰ ਨੇ ਸ਼ਹਿਰ 'ਚ ਅਮਨ-ਕਾਨੂੰਨ ਬਰਕਰਾਰ ਰੱਖਣ ਲਈ ਕੀਤੀਆਂ ਜਾ ਰਹੀਆਂ ਨਵੀਆਂ ਪਹਿਲਾਂ, ਪੁਲਿਸ ਤੇ ਨਾਗਰਿਕਾਂ ਦੀ ਸਾਂਝੀ ਜ਼ਿੰਮੇਵਾਰੀ ਅਤੇ ਸਮਾਜਿਕ ਪੁਲਿਸਿੰਗ ਦੇ ਉਪਰਾਲਿਆਂ ਬਾਰੇ ਵਿਸਥਾਰਪੂਰਵਕ ਜਾਣਕਾਰੀ ਦਿੱਤੀ। ਇਸ ਤੋਂ ਇਲਾਵਾ ਟਰੈਫਿਕ ਪ੍ਰਬੰਧਨ ਯੋਜਨਾਵਾਂ, ਅਪਰਾਧ 'ਤੇ ਨਿਯੰਤਰਣ ਲਈ ਪੁੱਟੇ ਜਾ ਰਹੇ ਕਦਮਾਂ, ਨਸ਼ੇ ਖ਼ਤਮ ਕਰਨ ਲਈ ਕੀਤੇ ਜਾ ਰਹੇ ਉਪਰਾਲਿਆਂ 'ਤੇ ਵੀ ਚਾਨਣਾ ਪਾਇਆ। ਇਸ ਤੋਂ ਬਾਅਦ ਰੁਚਿਕਰ ਇੰਟਰਐਕਟਿਵ ਸੈਸ਼ਨ ਹੋਇਆ, ਜਿਸ ਵਿਚ ਮੈਂਬਰਾਂ ਨੇ ਨਾਗਰਿਕ ਮਸਲਿਆਂ ਅਤੇ ਕਾਨੂੰਨ ਪ੍ਰਵਰਤੀ ਸੰਬੰਧੀ ਮਹੱਤਵਪੂਰਨ ਸਵਾਲ ਚੁੱਕੇ। ਇਸ ਮੌਕੇ ਪੀ. ਡੀ. ਜੀ. ਰੋਟੇਰੀਅਨ ਅਵਿਨਾਸ਼ ਮੋਹਿੰਦਰੂ, ਪੀ. ਡੀ. ਜੀ. ਰੋਟੇਰੀਅਨ ਅਰੁਣ ਕਪੂਰ, ਡੀ. ਜੀ. ਈ. ਅਨਿਲ ਸਿੰਘਲ, ਸਕੱਤਰ ਰੋਟੇਰੀਅਨ ਬੀ. ਕੇ. ਗੁਪਤਾ ਆਦਿ ਵੀ ਹਾਜ਼ਰ ਸਨ।

ਪਾਕਿਸਤਾਨ ਤਸਕਰਾਂ ਨੇ ਡਰੋਨ ਨਾਲ ਅਫੀਮ ਭੇਜੀ, ਲਿਖਿਆ (ਹੈਪੀ ਦਿਵਾਲੀ)

ਅਟਾਰੀ, 19 ਅਕਤੂਬਰ (ਰਜਿੰਦਰ ਸਿੰਘ ਰੂਬੀ, ਗੁਰਦੀਪ ਸਿੰਘ ਅਟਾਰੀ)-ਪਾਕਿਸਤਾਨੀ ਨਸ਼ਾ ਤਸਕਰਾਂ ਵਲੋਂ ਆਪਣੇ ਵਾ